ਮਾਰੂ ਮਹਲਾ ੧ ॥ ਕੋਈ ਆਖੈ ਭੂਤਨਾ ਕੋ ਕਹੈ ਬੇਤਾਲਾ ॥ ਕੋਈ ਆਖੈ ਆਦਮੀ ਨਾਨਕੁ ਵੇਚਾਰਾ ॥੧॥ ਭਇਆ ਦਿਵਾਨਾ ਸਾਹ ਕਾ ਨਾਨਕੁ ਬਉਰਾਨਾ ॥ ਹਉ ਹਰਿ ਬਿਨੁ ਅਵਰੁ ਨ ਜਾਨਾ ॥ ੧॥ ਰਹਾਉ ॥ ਤਉ ਦੇਵਾਨਾ ਜਾਣੀਐ ਜਾ ਭੈ ਦੇਵਾਨਾ ਹੋਇ ॥ ਏਕੀ ਸਾਹਿਬ ਬਾਹਰਾ ਦੂਜਾ ਅਵਰੁ ਨ ਜਾਣੈ ਕੋਇ ॥੨॥ ਤਉ ਦੇਵਾਨਾ ਜਾਣੀਐ ਜਾ ਏਕਾ ਕਾਰ ਕਮਾਇ ॥ ਹੁਕਮੁ ਪਛਾਣੈ ਖਸਮ ਕਾ ਦੂਜੀ ਅਵਰ ਸਿਆਣਪ ਕਾਇ ॥ ੩॥ ਤਉ ਦੇਵਾਨਾ ਜਾਣੀਐ ਜਾ ਸਾਹਿਬ ਧਰੇ ਪਿਆਰੁ ॥ ਮੰਦਾ ਜਾਣੈ ਆਪ ਕਉ ਅਵਰੁ ਭਲਾ ਸੰਸਾਰੁ ॥੪॥੭॥ {ਪੰਨਾ 991}

ਪਦਅਰਥ:- ਬੇਤਾਲਾ—ਜਿੰਨ। ਵੇਚਾਰਾ—ਆਜਿਜ਼, ਨਿਮਾਣਾ ਜੇਹਾ।1।

ਭਇਆ—ਹਉ ਭਇਆ, ਮੈਂ ਹੋ ਗਿਆ ਹਾਂ। ਦਿਵਾਨਾ—ਮਸਤਾਨਾ, ਆਸ਼ਿਕ, ਪ੍ਰੇਮੀ। ਸਾਹ ਕਾ—ਸ਼ਾਹ-ਪ੍ਰਭੂ (ਦੇ ਨਾਮ) ਦਾ। ਬਉਰਾਨਾ—ਝੱਲਾ, ਕਮਲਾ। ਹਉ—ਮੈਂ। ਨ ਜਾਨਾ—ਮੈਂ ਨਹੀਂ ਜਾਣਦਾ, ਮੈਂ ਡੂੰਘੀ ਸਾਂਝ ਨਹੀਂ ਪਾਂਦਾ।1। ਰਹਾਉ।

ਤਉ—ਤਦੋਂ। ਜਾਣੀਐ—ਸਮਝਿਆ ਜਾਂਦਾ ਹੈ। ਭੈ—ਦੁਨੀਆ ਦੇ ਡਰਾਂ ਵਲੋਂ। ਦੇਵਾਨਾ—ਬੇ-ਪਰਵਾਹ। ਨ ਜਾਣੈ—ਨਹੀਂ ਪਛਾਣਦਾ, ਮੁਥਾਜੀ ਨਹੀਂ ਕਰਦਾ।2।

ਕਾਇ—ਕਿਸੇ ਅਰਥ ਨਹੀਂ।3।

ਸਾਹਿਬ ਪਿਆਰੁ—ਸਾਹਿਬ ਦਾ ਪਿਆਰ। ਧਰੇ—(ਆਪਣੇ ਮਨ ਵਿਚ) ਧਰਦਾ ਹੈ।4।

ਅਰਥ:- ਮੈਂ ਸ਼ਾਹ-ਪ੍ਰਭੂ ਦੇ ਨਾਮ ਦਾ ਆਸ਼ਿਕ ਹੋ ਗਿਆ ਹਾਂ, ਮੈਂ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਨਾਲ ਡੂੰਘੀਆਂ ਸਾਂਝਾਂ ਨਹੀਂ ਪਾਂਦਾ, (ਇਸ ਵਾਸਤੇ ਦੁਨੀਆ ਆਖਦੀ ਹੈ ਕਿ) ਨਾਨਕ ਝੱਲਾ ਹੋ ਗਿਆ ਹੈ।1। ਰਹਾਉ।

(ਦੁਨੀਆ ਦੇ ਲੋਕਾਂ ਨਾਲ ਡੂੰਘੀਆਂ ਸਾਂਝਾਂ ਨਾਹ ਪਾਣ ਕਰ ਕੇ) ਕੋਈ ਆਖਦਾ ਹੈ ਕਿ ਨਾਨਕ ਤਾਂ ਕੋਈ ਭੂਤ ਹੈ (ਕਿਉਂਕਿ ਇਹ ਬੰਦਿਆਂ ਤੋਂ ਤ੍ਰਹਿੰਦਾ ਹੈ) ਕੋਈ ਆਖਦਾ ਹੈ ਕਿ ਨਾਨਕ ਕੋਈ ਜਿੰਨ ਹੈ (ਜੋ ਬੰਦਿਆਂ ਤੋਂ ਪਰੇ ਪਰੇ ਜੂਹ-ਉਜਾੜ ਵਿਚ ਹੀ ਬਹੁਤਾ ਚਿਰ ਟਿਕਿਆ ਰਹਿੰਦਾ ਹੈ)। ਪਰ ਕੋਈ ਬੰਦਾ ਆਖਦਾ ਹੈ (ਨਹੀਂ) ਨਾਨਕ ਹੈ ਤਾਂ (ਸਾਡੇ ਵਰਗਾ) ਆਦਮੀ (ਹੀ) ਉਂਞ ਹੈ ਆਜਿਜ਼ ਜੇਹਾ।1।

ਜਦੋਂ ਮਨੁੱਖ ਇਕ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਨੂੰ ਨਹੀਂ ਪਛਾਣਦਾ (ਕਿਸੇ ਹੋਰ ਦੀ ਖ਼ੁਸ਼ਾਮਦ-ਮੁਥਾਜੀ ਨਹੀਂ ਕਰਦਾ) ਜਦੋਂ ਉਹ ਦੁਨੀਆ ਦੇ ਡਰ-ਫ਼ਿਕਰਾਂ ਵਲੋਂ ਬੇ-ਪਰਵਾਹ ਜੇਹਾ ਹੋ ਜਾਂਦਾ ਹੈ, ਤਦੋਂ (ਦੁਨੀਆ ਦੇ ਲੋਕਾਂ ਦੀਆਂ ਨਜ਼ਰਾਂ ਵਿਚ) ਉਹ ਝੱਲਾ ਸਮਝਿਆ ਜਾਂਦਾ ਹੈ।2।

ਜਦੋਂ ਮਨੁੱਖ ਪਰਮਾਤਮਾ ਦੀ ਰਜ਼ਾ ਨੂੰ ਸਮਝਣ ਲੱਗ ਪੈਂਦਾ ਹੈ (ਰਜ਼ਾ ਦੇ ਉਲਟ ਤੁਰਨ ਲਈ ਆਪਣੀ) ਕਿਸੇ ਹੋਰ ਚਤੁਰਾਈ ਦਾ ਆਸਰਾ ਨਹੀਂ ਲੈਂਦਾ, ਜਦੋਂ ਮਨੁੱਖ ਸਿਰਫ਼ (ਰਜ਼ਾ ਵਿਚ ਰਾਜ਼ੀ ਰਹਿਣ ਦੀ ਹੀ) ਕਾਰ ਕਰਦਾ ਹੈ, (ਹਰੇਕ ਕਿਰਤ-ਕਾਰ ਵਿਚ ਪ੍ਰਭੂ ਦੀ ਰਜ਼ਾ ਨੂੰ ਹੀ ਮੁਖ ਮੰਨਦਾ ਹੈ) ਤਾਂ ਲੋਕਾਂ ਦੀਆਂ ਨਜ਼ਰਾਂ ਵਿਚ ਉਹ ਝੱਲਾ ਮੰਨਿਆ ਜਾਂਦਾ ਹੈ।3।

ਜਦੋਂ ਮਨੁੱਖ ਆਪਣੇ ਆਪ ਨੂੰ (ਹੋਰ ਸਭਨਾਂ ਨਾਲੋਂ) ਮਾੜਾ ਸਮਝਦਾ ਹੈ, ਜਦੋਂ ਹੋਰ ਜਗਤ ਨੂੰ ਆਪਣੇ ਨਾਲੋਂ ਚੰਗਾ ਸਮਝਦਾ ਹੈ, ਜਦੋਂ ਮਨੁੱਖ ਮਾਲਿਕ-ਪ੍ਰਭੂ ਦਾ ਪਿਆਰ ਹੀ (ਆਪਣੇ ਹਿਰਦੇ ਵਿਚ) ਟਿਕਾਈ ਰੱਖਦਾ ਹੈ, ਤਦੋਂ ਉਹ (ਦੁਨੀਆ ਦੀਆਂ ਨਿਗਾਹਾਂ ਵਿਚ) ਝੱਲਾ ਜਾਣਿਆ ਜਾਂਦਾ ਹੈ।4।7।